# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :07-05-2026**

ਇਨਫੋਰਸਮੈਂਟ ਡਾਇਰੈਕਟੋਰੇਟ ਮੋਹਾਲੀ ਅਤੇ ਚੰਡੀਗੜ੍ਹ, ਵਿੱਚ 12 ਥਾਵਾਂ 'ਤੇ ਤਲਾਸ਼ੀ ਮੁਹਿੰਮ ਚਲਾ ਰਿਹਾ ਏ। ਇਹ ਕਾਰਵਾਈ ਗ੍ਰੇਟਰ ਮੋਹਾਲੀ ਏਰੀਆ ਡਿਵੈਲਪਮੈਂਟ ਅਥਾਰਟੀ (GMADA) ਤੋਂ ਜ਼ਮੀਨ ਦੀ ਵਰਤੋਂ ਬਾਰੇ ਤਬਦੀਲੀ ਲਾਇਸੈਂਸ ਪ੍ਰਾਪਤ ਕਰਨ ਵਿਚ ਹੋਈ ਧੋਖਾਧੜੀ ਅਤੇ ਲੋਕਾਂ ਨਾਲ ਕਰੋੜਾਂ ਰੁਪਏ ਦੀ ਠੱਗੀ ਦੇ ਸਬੰਧ ਵਿੱਚ ਕੀਤੀ ਜਾ ਰਹੀ ਏ । ਡਾਇਰੈਕਟੋਰੇਟ ਨਿਤਿਨ ਗੋਹਲ ਦੇ ਟਿਕਾਣਿਆਂ ਤੇ ਤਲਾਸ਼ੀ ਲੈ ਰਿਹਾ ਏ। ਉਸ 'ਤੇ ਫੀਸਾਂ ਦੀ ਅਦਾਇਗੀ ਕਰਨ ਵਿੱਚ ਅਸਫਲ ਰਹਿਣ ਵਾਲੇ ਬਿਲਡਰਾਂ ਦੀ ਮਦਦ ਕਰਨ ਅਤੇ ਉਨ੍ਹਾਂ ਨੂੰ ਰਾਜਨੀਤਿਕ ਸਰਪ੍ਰਸਤੀ ਪ੍ਰਦਾਨ ਕਰਨ ਦਾ ਇਲਜ਼ਾਮ ਏ। ਉਹ ਪੰਜਾਬ ਦੇ ਮੁੱਖ ਮੰਤਰੀ ਦੇ ਵਿਸ਼ੇਸ਼ ਡਿਊਟੀ 'ਤੇ ਤਾਇਨਾਤ ਅਧਿਕਾਰੀ ਰਾਜਬੀਰ ਗੁਹਮਨ ਦਾ ਨਜ਼ਦੀਕੀ ਸਾਥੀ ਏ। ਡਾਇਰੈਕਟੋਰੇਟ ਨੇ ਕਿਹਾ ਏ ਕਿ ਨਿਤਿਨ ਗੋਹਲ 'ਤੇ ਪੰਜਾਬ ਦੇ ਮੁੱਖ ਮੰਤਰੀ ਦਫ਼ਤਰ ਲਈ ਸੰਪਰਕ ਅਧਿਕਾਰੀ ਵਜੋਂ ਕੰਮ ਕਰਨ ਦਾ ਵੀ ਸ਼ੱਕ ਏ।

---------------------------------------------

ਅੱਜ ਦੇਸ਼, ਆਪ੍ਰੇਸ਼ਨ ਸਿੰਦੂਰ ਦੀ ਪਹਿਲੀ ਵਰ੍ਹੇਗੰਢ ਮਨਾ ਰਿਹਾ ਏ। ਪਿਛਲੇ ਸਾਲ 7 ਮਈ ਨੂੰ, ਭਾਰਤ ਨੇ ਆਪ੍ਰੇਸ਼ਨ ਸਿੰਦੂਰ ਸ਼ੁਰੂ ਕੀਤਾ ਸੀ, ਜਿਸ ਤਹਿਤ ਪਾਕਿਸਤਾਨ ਅਤੇ ਪਾਕਿਸਤਾਨ ਦੇ ਕਬਜ਼ੇ ਵਾਲੇ ਕਸ਼ਮੀਰ ਵਿੱਚ ਦਹਿਸ਼ਤਗਰਦਾਂ ਦੇ 9 ਟਿਕਾਣਿਆਂ 'ਤੇ ਹਵਾਈ ਹਮਲੇ ਕੀਤੇ ਗਏ ਸਨ। ਇਨ੍ਹਾਂ ਹਮਲਿਆਂ ਵਿੱਚ, ਘੱਟੋ-ਘੱਟ 100 ਦਹਿਸ਼ਤਗਰਦ ਮਾਰੇ ਗਏ ਸਨ। ਇਹ ਕਾਰਵਾਈ ਪਿਛਲੇ ਸਾਲ 22 ਅਪ੍ਰੈਲ ਨੂੰ ਪਹਿਲਗਾਮ ਵਿੱਚ ਸੈਲਾਨੀਆਂ 'ਤੇ ਪਾਕਿਸਤਾਨ-ਪ੍ਰਯੋਜਿਤ ਘਿਨੌਣੇ ਦਹਿਸ਼ਤਗਰਦੀ ਹਮਲੇ ਦਾ, ਭਾਰਤ ਵੱਲੋਂ ਢੁਕਵਾਂ ਜਵਾਬ ਸੀ।

ਇਕ ਰਿਪੋਰਟ

*ਆਪ੍ਰੇਸ਼ਨ ਸਿੰਦੂਰ, ਭਾਰਤ ਦੀ ਫੌਜੀ ਅਤੇ ਰਣਨੀਤਕ ਸ਼ਕਤੀ ਦਾ ਇੱਕ ਮਹੱਤਵਪੂਰਨ ਪ੍ਰਦਰਸ਼ਨ ਸੀ, ਜਿਸਨੂੰ ਫੌਜੀ ਅਤੇ ਗੈਰ-ਫੌਜੀ ਸਾਧਨਾਂ ਦੇ ਸੁਮੇਲ ਦੀ ਵਰਤੋਂ ਕਰਕੇ ਅੰਜਾਮ ਦਿੱਤਾ ਗਿਆ ਸੀ। ਇਸ ਬਹੁ-ਪੱਖੀ ਕਾਰਵਾਈ ਨੇ ਦਹਿਸ਼ਤਗਰਦੀ ਖਤਰਿਆਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਬੇਅਸਰ ਕੀਤਾ, ਪਾਕਿਸਤਾਨੀ ਹਮਲੇ ਨੂੰ ਰੋਕਿਆ ਅਤੇ ਦਹਿਸ਼ਤਗਰਦੀ ਪ੍ਰਤੀ ਭਾਰਤ ਦੀ ਬਿਲਕੁਲ ਨਾ ਬਰਦਾਸ਼ਤ ਕਰਨ ਦੀ ਨੀਤੀ ਨੂੰ ਮਜ਼ਬੂਤੀ ਨਾਲ ਲਾਗੂ ਕੀਤਾ। ਇਸ ਆਪ੍ਰੇਸ਼ਨ ਨੇ ਅੰਤਰਰਾਸ਼ਟਰੀ ਸਮਰਥਨ ਪ੍ਰਾਪਤ ਕਰਦੇ ਹੋਏ ਰਣਨੀਤਕ ਸੰਜਮ ਬਣਾਈ ਰੱਖਿਆ। ਇਸ ਕਾਰਵਾਈ ਦਾ ਉਦੇਸ਼, ਦਹਿਸ਼ਤਗਰਦੀ ਦੇ ਅਪਰਾਧੀਆਂ ਅਤੇ ਯੋਜਨਾਕਾਰਾਂ ਨੂੰ ਸਜ਼ਾ ਦੇਣਾ ਅਤੇ ਸਰਹੱਦ ਪਾਰ ਦਹਿਸ਼ਤਗਰਦ ਬੁਨਿਆਦੀ ਢਾਂਚੇ ਨੂੰ ਤਬਾਹ ਕਰਨਾ ਸੀ। ਇਸ ਕਾਰਵਾਈ ਦੌਰਾਨ, ਭਾਰਤੀ ਹਥਿਆਰਬੰਦ ਬਲਾਂ ਨੇ ਦਹਿਸ਼ਤਗਰਦੀ ਖੇਤਰ ਦਾ ਡੂੰਘਾਈ ਨਾਲ ਵਿਸ਼ਲੇਸ਼ਣ ਕੀਤਾ ਅਤੇ ਕਈ ਦਹਿਸ਼ਤਗਰਦ ਕੈਂਪਾਂ ਤੇ ਸਿਖਲਾਈ ਸਥਾਨਾਂ ਦੀ ਪਛਾਣ ਕੀਤੀ। ਇਸ ਕਾਰਵਾਈ ਦੇ ਨਤੀਜੇ ਵਜੋਂ 9 ਵੱਡੇ ਦਹਿਸ਼ਤਗਰਦ ਕੈਂਪਾਂ ਦਾ ਵਿਨਾਸ਼, 11 ਪਾਕਿਸਤਾਨੀ ਹਵਾਈ ਅੱਡਿਆਂ 'ਤੇ ਹਮਲੇ ਅਤੇ ਕਈ ਮੁੱਖ ਦਹਿਸ਼ਤਗਰਦਾਂ ਦਾ ਖਾਤਮਾ ਹੋਇਆ। ਹਮਲੇ ਭਿਆਨਕ ਸਨ, ਪਰ ਭਾਰਤ ਨੇ ਹਮਲਿਆਂ ਨੂੰ ਨੈਤਿਕ ਕਦਰਾਂ-ਕੀਮਤਾਂ ਅਤੇ ਸੰਜਮ ਨਾਲ ਅੰਜਾਮ ਦਿੱਤਾ, ਸਿਰਫ਼ ਦਹਿਸ਼ਤਗਰਦ ਟਿਕਾਣਿਆਂ ਨੂੰ ਨਿਸ਼ਾਨਾ ਬਣਾਇਆ ਅਤੇ ਨਾਗਰਿਕਾਂ ਨੂੰ ਕੋਈ ਨੁਕਸਾਨ ਨਹੀਂ ਪਹੁੰਚਾਇਆ। ਇਸ ਭਾਰੀ ਨੁਕਸਾਨ ਤੋਂ ਬਾਅਦ, ਪਾਕਿਸਤਾਨ ਨੂੰ ਜੰਗਬੰਦੀ ਦਾ ਸਹਾਰਾ ਲੈਣ ਲਈ ਮਜਬੂਰ ਹੋਣਾ ਪਿਆ। ਨਵੀਂ ਦਿੱਲੀ*

*ਨੇ ਨਾ ਸਿਰਫ਼ ਇਸ ਕਾਰਵਾਈ ਨੂੰ ਸਫਲਤਾਪੂਰਵਕ ਅੰਜਾਮ ਦਿੱਤਾ, ਸਗੋਂ ਤਿੰਨਾਂ ਸੈਨਾਵਾਂ - ਭਾਰਤੀ ਹਵਾਈ ਫੌਜ, ਭਾਰਤੀ ਫੌਜ ਅਤੇ ਭਾਰਤੀ ਸਮੁੰਦਰੀ ਫੌਜ ਵਿਚਕਾਰ ਤਾਲਮੇਲ ਵਾਲੀ ਕਾਰਵਾਈ ਰਾਹੀਂ, ਆਪਣੀ ਫੌਜੀ ਸ਼ਕਤੀ ਦਾ ਪ੍ਰਦਰਸ਼ਨ ਵੀ ਕੀਤਾ। ਇਸਨੇ ਉੱਨਤ ਰੱਖਿਆ ਪ੍ਰਣਾਲੀਆਂ ਦੀ ਬਰਾਮਦ ਵਿੱਚ ਭਾਰਤ ਦੀਆਂ ਵਧਦੀਆਂ ਸਮਰੱਥਾਵਾਂ ਦਾ ਵੀ ਵਿਖਾਲਾ ਕੀਤਾ। ਆਪ੍ਰੇਸ਼ਨ ਸਿੰਦੂਰ, ਦਹਿਸ਼ਤਗਰਦੀ ਖਿਲਾਫ ਭਾਰਤ ਦੇ ਦ੍ਰਿੜ ਸਟੈਂਡ ਦੀ ਇੱਕ ਪ੍ਰਮੁੱਖ ਉਦਾਹਰਣ ਅਤੇ ਇਸਦੀ ਵਿਨਾਸ਼ਕਾਰੀ ਫੌਜੀ ਸ਼ਕਤੀ ਦਾ ਪ੍ਰਦਰਸ਼ਨ ਏ।*

-------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ , ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਆਪ੍ਰੇਸ਼ਨ ਸਿੰਦੂਰ ਨੂੰ ਦਹਸ਼ਤਗਰਦੀ ਅਤੇ ਦੇਸ਼ ਦੀ ਪ੍ਰਭੂਸੱਤਾ ਅਤੇ ਇਸਦੇ ਨਾਗਰਿਕਾਂ ਦੀ ਸੁਰੱਖਿਆ ਲਈ ਖ਼ਤਰਾ ਪੈਦਾ ਕਰਨ ਵਾਲੀਆਂ ਸਾਰੀਆਂ ਤਾਕਤਾਂ ਵਿਰੁੱਧ ਸਾਡੇ ਅਟੱਲ ਇਰਾਦੇ ਦਾ ਇੱਕ ਨਿਰਣਾਇਕ ਸਬੂਤ ਦੱਸਿਆ। ਆਪ੍ਰੇਸ਼ਨ ਸਿੰਦੂਰ ਦੀ ਪਹਿਲੀ ਵਰ੍ਹੇਗੰਢ ਮੌਕੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਰਾਸ਼ਟਰਪਤੀ ਨੇ ਕਿਹਾ ਕਿ ਮਿਸ਼ਨ ਦੀ ਅਸਾਧਾਰਨ ਸਫਲਤਾ ਸਾਡੀਆਂ ਹਥਿਆਰਬੰਦ ਸੈਨਾਵਾਂ ਦੀ ਬੇਮਿਸਾਲ ਹਿੰਮਤ ਅਤੇ ਦ੍ਰਿੜਤਾ ਨੂੰ ਦਰਸਾਉਂਦੀ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੇਸ਼ ਦਹਸ਼ਤਗਰਦੀ ਅਤੇ ਇਸਦਾ ਸਮਰਥਨ ਕਰਨ ਵਾਲਿਆਂ ਨੂੰ ਖਤਮ ਕਰਨ ਦੇ ਆਪਣੇ ਇਰਾਦੇ 'ਤੇ ਦ੍ਰਿੜ ਏ । ਉਨ੍ਹਾਂ ਕਿਹਾ ਕਿ ਸੁਰੱਖਿਆ ਬਲਾਂ ਨੇ ਪਹਿਲਗਾਮ ਵਿੱਚ ਨਾਗਰਿਕਾਂ 'ਤੇ ਹਮਲਾ ਕਰਨ ਵਾਲਿਆਂ ਨੂੰ ਢੁਕਵਾਂ ਜਵਾਬ ਦਿੱਤਾ।

-------------------------------------------------------

ਅਪ੍ਰੇਸ਼ਨ ਸਿੰਦੂਰ ਦੀ ਪਹਿਲੀ ਵਰ੍ਹੇਗੰਢ ਦੇ ਮੌਕੇ ਅੱਜ ਚੰਡੀਗੜ੍ਹ ਪ੍ਰਸ਼ਾਸਨ ਨੇ ਸਿਵਲ ਡਿਫੈਂਸ ਵਲੰਟੀਅਰਾਂ ਦੇ ਦੂਜੇ ਬੈਚ ਲਈ ਭਰਤੀ ਮੁਹਿੰਮ ਦਾ ਐਲਾਨ ਕੀਤਾ ਏ। ਇਹ ਪਹਿਲ ਕੇਂਦਰ ਸ਼ਾਸਿਤ ਪ੍ਰਦੇਸ਼ ਵਿੱਚ ਹੰਗਾਮੀ ਐਮਰਜੈਂਸੀ ਪ੍ਰਤੀਕਿਰਿਆ ਪ੍ਰਣਾਲੀ ਅਤੇ ਆਫ਼ਤ ਪ੍ਰਬੰਧਨ ਸਮਰੱਥਾਵਾਂ ਨੂੰ ਹੋਰ ਅਧਿਕ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਏ। ਸਿਵਲ ਡਿਫੈਂਸ ਵਲੰਟੀਅਰਾਂ ਦੇ ਦੂਜੇ ਬੈਚ ਲਈ ਰਜਿਸਟਰੇਸ਼ਨ ਮੁਹਿੰਮ 8 ਮਈ ਨੂੰ ਚੰਡੀਗੜ੍ਹ ਦੇ ਸੈਕਟਰ 38-C ਸਥਿਤ ਮਹਿਲਾ ਭਵਨ, ਵਿਖੇ ਆਯੋਜਿਤ ਕੀਤੀ ਜਾਵੇਗੀ। ਇਸ ਮੌਕੇ ਚੰਡੀਗੜ੍ਹ ਦੇ ਪ੍ਰਸ਼ਾਸ਼ਕ ਗੁਲਾਬ ਚੰਦ ਕਟਾਰੀਆ, ਮੁੱਖ ਮਹਿਮਾਨ ਵਜੋਂ ਸ਼ਾਮਲ ਹੋਣਗੇ। ਬੀਤੇ ਸਾਲ ਸਿਵਲ ਡਿਫੈਂਸ ਵਲੰਟੀਅਰਾਂ ਦੇ ਪਹਿਲੇ ਬੈਚ ਦਾ ਗਠਨ ਕੀਤਾ ਗਿਆ ਸੀ, ਜਿਸ ਵਿੱਚ ਕੁੱਲ 419 ਵਲੰਟੀਅਰਾਂ ਨੂੰ ਸਿਖਲਾਈ ਦਿੱਤੀ ਗਈ ਸੀ। ਇਨ੍ਹਾਂ ਵਲੰਟੀਅਰਾਂ ਨੇ ਮਹਾਤਮਾ ਗਾਂਧੀ ਰਾਜ ਲੋਕ ਪ੍ਰਸ਼ਾਸ਼ਨ ਸੰਸਥਾ ਚੰਡੀਗੜ੍ਹ ਵਿਖੇ ਫਾਇਰ ਡਿਪਾਰਟਮੈਂਟ, ਸਿਹਤ ਵਿਭਾਗ, ਰਾਸ਼ਟਰੀ ਆਫਤ ਪ੍ਰਤੀਕਿਰਿਆ ਬਲ ਅਤੇ ਭਾਰਤੀ ਫ਼ੌਜ ਦੀ ਪੱਛਮੀ ਕਮਾਂਡ ਦੇ ਮਾਹਰਾਂ ਵਲੋਂ 7 ਦਿਨਾਂ ਦਾ ਤੀਬਰ ਟ੍ਰੇਨਿੰਗ ਪ੍ਰੋਗਰਾਮ ਪੂਰਾ ਕੀਤਾ ਸੀ। ਚੰਡੀਗੜ੍ਹ ਪ੍ਰਸ਼ਾਸਨ ਨੇ ਨਾਗਰਿਕਾਂ ਨੂੰ ਅੱਗੇ ਆਉਣ ਅਤੇ ਇਸ ਪਹਿਲ ਵਿੱਚ ਸਰਗਰਮ ਭਾਗੀਦਾਰੀ ਕਰਨ ਅਤੇ ਜਨਤਕ

ਸੁਰੱਖਿਆ ਨੂੰ ਮਜ਼ਬੂਤ ਬਣਾਉਣ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ ਏ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਫਗਵਾੜਾ ਵਿੱਚ ਵਿਸ਼ਵ ਪ੍ਰਸਿੱਧ JCT ਮਿੱਲ ਨੂੰ ਦੁਬਾਰਾ ਖੋਲ੍ਹਣ ਦਾ ਐਲਾਨ ਕੀਤਾ ਏ । ਉਨ੍ਹਾਂ ਕਿਹਾ ਕਿ ਦੋਆਬਾ ਦੇ ਦਿਲ ਵਜੋਂ ਜਾਣੀ ਜਾਂਦੀ ਇਸ ਮਿੱਲ ਦੇ ਖੁੱਲ੍ਹਣ ਨਾਲ ਨਾ ਸਿਰਫ ਆਰਥਿਕ ਗਤੀਵਿਧੀਆਂ ਨੂੰ ਉਤਸ਼ਾਹ ਮਿਲੇਗਾ ਬਲਕਿ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣਗੇ। ਕੱਲ ਆਪਣੀ ਸ਼ੁਕਰਾਨਾ ਯਾਤਰਾ ਦੌਰਾਨ, ਮੁੱਖ ਮੰਤਰੀ ਨੇ ਕਿਹਾ ਕਿ ਇੱਕ ਵਾਰ ਉਤਪਾਦਨ ਮੁੜ ਸ਼ੁਰੂ ਹੋਣ ਤੋਂ ਬਾਅਦ, ਮਿੱਲ ਨੂੰ ਇਸਦੀ ਪੁਰਾਣੀ ਸ਼ਾਨ ਵਿੱਚ ਬਹਾਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਜੇਸੀਟੀ ਫੁੱਟਬਾਲ ਟੀਮ ਨੂੰ ਵੀ ਸੁਰਜੀਤ ਕੀਤਾ ਜਾਵੇਗਾ। ਉਨ੍ਹਾਂ ਸਪੱਸ਼ਟ ਕੀਤਾ ਕਿ ਹਰੇਕ ਕਰਮਚਾਰੀ ਦੀ ਬਕਾਇਆ ਤਨਖਾਹ ਅਤੇ ਹੋਰ ਅਦਾਇਗੀ ਕੀਤੀ ਜਾਵੇਗੀ । ਗੰਨਾ ਉਤਪਾਦਕਾਂ ਅਤੇ ਮਜ਼ਦੂਰਾਂ ਦੇ ਬਕਾਏ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ, ਕਿ ਗੰਨਾ ਕਿਸਾਨਾਂ ਨੂੰ ਬਕਾਇਆ ਅਦਾਇਗੀਆਂ ਦਾ ਮੁੱਦਾ ਵੀ ਹੱਲ ਕੀਤਾ ਜਾਵੇਗਾ।

---

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵਲੋਂ ਕੱਲ ਸ਼ੁਰੂ ਕੀਤੀ ਚਾਰ ਦਿਨਾਂ ਦੀ ਸ਼ੁਕਰਾਨਾ ਯਾਤਰਾ ਨੂੰ ਅੱਜ ਜਲੰਧਰ ਤੋਂ ਅੱਗੇ ਲਈ ਰਵਾਨਾ ਕੀਤਾ ਗਿਆ । ਯਾਤਰਾ ਸ੍ਰੀ ਅੰਮ੍ਰਿਤਸਰ ਸਾਹਿਬ, ਦਮਦਮਾ ਸਾਹਿਬ, ਮਸਤੂਆਣਾ ਸਾਹਿਬ, ਦੂਖ ਨਿਵਾਰਨ ਸਾਹਿਬ ਤੇ ਸ਼੍ਰੀ ਫਤਹਿਗੜ੍ਹ ਸਾਹਿਬ ਤੱਕ ਜਾਵੇਗੀ। 4 ਦਿਨਾਂ ਦੀ ਯਾਤਰਾ ਦੀ ਸਮਾਪਤੀ 9 ਮਈ ਨੂੰ ਫਤਿਹਗੜ੍ਹ ਸਾਹਿਬ ਵਿਚ ਕੀਤੀ ਜਾਵੇਗੀ।

------------------------------------------------------------

IPL ਕ੍ਰਿਕੇਟ ਵਿੱਚ, ਅੱਜ ਲਖਨਊ ਸੁਪਰ ਜਾਇੰਟਸ ਦਾ ਮੁਕਾਬਲਾ ਰਾਇਲ ਚੈਲੇਂਜਰਜ਼ ਬੰਗਲੌਰ ਨਾਲ ਲਖਨਊ ਦੇ ਏਕਾਨਾ ਕ੍ਰਿਕਟ ਸਟੇਡੀਅਮ ਵਿੱਚ ਹੋਵੇਗਾ। ਇਹ ਮੈਚ ਸ਼ਾਮ ਸਾਢੇ 7 ਵਜੇ ਸ਼ੁਰੂ ਹੋਵੇਗਾ।

------------------------------------------------------------